# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

## ਮਿਤੀ :12-05-2026

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪੱਛਮੀ ਏਸ਼ੀਆਈ ਸੰਕਟ ਦਰਮਿਆਨ ਵਿਦੇਸ਼ੀ ਸਿੱਕੇ ਦੀ ਬਚਤ ਕਰਨ ਲਈ ਲੋਕਾਂ ਨੂੰ ਈਂਧਣ ਬਚਾਉਣ ਤੇ ਵਿਦੇਸ਼ੀ ਉਤਪਾਦਾਂ ਦੀ ਵਰਤੋਂ ਘਟਾਉਣ ਦੀ ਅਪੀਲ ਕੀਤੀ ਏ। ਕੱਲ੍ਹ ਗੁਜਰਾਤ ਦੇ ਵਡੋਦਰਾ ਵਿਚ ਇੱਕ ਜਨਤਕ ਰੈਲੀ ਨੂੰ ਸੰਬੋਧਨ ਕਰਦਿਆਂ ਸ਼੍ਰੀ ਮੋਦੀ ਨੇ ਪੈਟਰੋਲ ਤੇ ਡੀਜ਼ਲ ਦੀ ਖਪਤ ਘਟਾਉਣ ਅਤੇ ਘਰ ਤੋਂ ਕੰਮ ਕਰਨ, ਔਨਲਾਈਨ ਕਲਾਸਾਂ ਤੇ ਵਰਚੁਅਲ ਮੀਟਿੰਗਾਂ ਵਰਗੇ ਕੋਵਿਡ ਦੌਰ ਦੇ ਉਪਾਵਾਂ ਨੂੰ ਅਪਣਾਉਣ ਦੀ ਆਪਣੀ ਅਪੀਲ ਨੂੰ ਦੁਹਰਾਇਆ-

byte

-----------------------------------------------------------------

ਕੇਂਦਰੀ ਜਾਂਚ ਬੀਤੀ ਦੇਰ ਰਾਤ ਮੋਹਾਲੀ ਸਥਿਤ ਪੰਜਾਬ ਵਿਜੀਲੈਂਸ ਬਿਊਰੋ ਦੇ ਦਫ਼ਤਰ ਵਿੱਚ ਛਾਪਾਮਾਰੀ ਕੀਤੀ ਏ। ਇਹ ਕਾਰਵਾਈ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਨਾਲ ਸਬੰਧਤ ਮਾਮਲੇ ਵਿੱਚ ਚੰਡੀਗੜ੍ਹ ਅਧਾਰਤ ਸੀ.ਬੀ.ਆਈ. ਟੀਮ ਨੇ ਕੀਤੀ

ਏ। ਇਸੇ ਸਬੰਧ ਵਿੱਚ, ਮੁਕਤਸਰ ਜ਼ਿਲ੍ਹੇ ਦੇ ਵਿਚ ਵੀ  ਛਾਪਾਮਾਰੀ ਕੀਤੀ ਗਈ ਏ। ਸੂਤਰਾਂ ਮੁਤਾਬਕ ਮਲੋਟ ਦੇ 2 ਵਿਅਕਤੀਆਂ ਅਤੇ ਚੰਡੀਗੜ੍ਹ ਦੇ ਕੁਝ ਲੋਕਾਂ ਨੂੰ ਵੀ ਸੀ.ਬੀ.ਆਈ. ਨੇ ਗ੍ਰਿਫ਼ਤਾਰ ਕੀਤਾ ਏ। ਇਸੇ ਦੌਰਾਨ, ਪੰਜਾਬ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਸਾਡੇ ਜਲੰਧਰ ਵਾਲੇ ਪੱਤਰਕਾਰ ਨੂੰ ਦੱਸਿਆ ਏ ਕਿ ਇੱਕ ਵਿਅਕਤੀ ਨੂੰ ਸੀ.ਬੀ.ਆਈ. ਨੇ ਹਿਰਾਸਤ ਵਿਚ ਲਿਆ ਏ ਅਤੇ ਜੇਕਰ ਬਿਊਰੋ ਦੇ ਕਿਸੇ ਵਿਅਕਤੀ ਦਾ ਨਾਂ ਸਾਹਮਣੇ ਆਉਂਦਾ ਏ ਤਾਂ ਸੀ.ਬੀ.ਆਈ. ਨਾਲ ਪੂਰਾ ਸਹਿਯੋਗ ਕੀਤਾ ਜਾਵੇਗਾ।

-------------------------------------------------------------------

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਮਹਾਨ ਸਿੱਖ ਯੋਧੇ ਬਾਬਾ ਬੰਦਾ ਸਿੰਘ ਬਹਾਦਰ ਦੇ 'ਸਰਹਿੰਦ ਫਤਿਹ ਦਿਵਸ' 'ਤੇ ਦੇਸ਼ ਵਾਸੀਆਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਸ਼੍ਰੀ ਸ਼ਾਹ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨੇ ਬੇ-ਇਨਸਾਫ਼ੀ ਵਿਰੁੱਧ ਸੰਘਰਸ਼ ਦੀ ਅਗਵਾਈ ਕੀਤੀ ਅਤੇ ਸਵੈ-ਮਾਣ, ਹਿੰਮਤ ਤੇ ਧਰਮ ਦੀ ਰਾਖੀ ਦਾ ਸੁਨੇਹਾ ਦਿੱਤਾ। ਉਨ੍ਹਾਂ ਕਿਹਾ ਕਿ ਅਣਗਿਣਤ ਅੱਤਿਆਚਾਰ ਸਹਿਣ ਦੇ ਬਾਵਜੂਦ ਬਾਬਾ ਜੀ ਨੇ ਕੋਈ ਹੋਰ ਧਰਮ ਨਹੀਂ ਅਪਣਾਇਆ। ਸ਼੍ਰੀ ਸ਼ਾਹ ਨੇ ਕਿਹਾ ਕਿ ਉਨ੍ਹਾਂ ਦਾ ਜੀਵਨ ਹਮੇਸ਼ਾ ਦੇਸ਼ ਤੇ ਧਰਮ ਦੀ ਰਾਖੀ ਲਈ ਪ੍ਰੇਰਣਾ ਸਰੋਤ ਰਹੇਗਾ।

--------------------------------------------------------------------

ਜ਼ਾਲਮ ਹਕੂਮਤ ਦੀ ਇੱਟ ਨਾਲ ਇੱਟ ਖੜਕਾਉਣ ਵਾਲੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਨ੍ਹਾਂ ਨੂੰ ਨਮਨ ਕੀਤਾ ਏ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਹਮੇਸ਼ਾ ਯਾਦ ਕੀਤੀ ਜਾਵੇਗੀ |

--------------------------------------------------------------------

ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਅੱਜ ਦੇ ਦਿਨ ਸੰਨ 1710 ਵਿੱਚ ਸਰਹਿੰਦ ਫ਼ਤਹਿ ਕਰਨ ਦੀ ਯਾਦ ਵਿਚ **ਸਰਹਿੰਦ ਫ਼ਤਹਿ ਮਾਰਚ** ਮੋਹਾਲੀ ਦੇ ਪਿੰਡ ਚੱਪੜਚਿੜੀ ਤੋਂ ਰਵਾਨਾ ਹੋਇਆ। ਇਸ ਤੋਂ ਪਹਿਲਾਂ ਚੱਪੜਚਿੜੀ ਸਥਿਤ ਗੁਰਦੁਆਰਾ ਸਾਹਿਬ ਵਿਚ ਅਖੰਡ ਪਾਠ ਦੇ ਭੋਗ ਪਾ ਕੇ ਅਰਦਾਸ ਕੀਤੀ ਗਈ। ਇਸ ਮੌਕੇ ਢਾਡੀ ਜੱਥਿਆਂ ਨੇ ਵਾਰਾਂ ਦਾ ਗਾਇਨ ਕੀਤਾ। ਇਸ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਦੇ ਨੁਮਾਇੰਦੇ ਤੇ ਹੋਰ ਸ਼ਖ਼ਸੀਅਤਾਂ ਮੌਜੂਦ ਸਨ। ਫ਼ਤਿਹ ਮਾਰਚ ਵਿੱਚ ਦੂਰੋਂ-ਦੂਰੋਂ ਆਈ ਸੰਗਤ ਪਾਲਕੀ ਸਾਹਿਬ ਦੇ ਨਾਲ-ਨਾਲ ਚੱਲ ਰਹੀ ਸੀ ਤੇ ਗੁਰਬਾਣੀ ਦਾ ਸਮੂਹਿਕ ਗਾਇਨ ਕੀਤਾ ਜਾ ਰਿਹਾ ਸੀ।।

--------------------------------------------------------------------

-----------------------------------------------------------------

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਸਮਾਜ ਭਲਾਈ, ਇਸਤਰੀ ਅਤੇ ਬਾਲ ਵਿਕਾਸ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਵੱਲੋਂ ਭਗਵਾਨ ਮਹਾਵੀਰ ਵਿਕਲਾਂਗ ਸਹਾਇਤਾ ਕਮੇਟੀ ਦੇ ਸਹਿਯੋਗ ਨਾਲ ਦਿਵਿਆਂਗਜਨਾਂ ਲਈ ਲਗਾਏ 3 ਦਿਨਾਂ ਦੇ ਮੁਫ਼ਤ ਮੁਲਾਂਕਣ ਤੇ ਫਿੱਟਮੈਂਟ ਕੈਂਪ ਦਾ ਉਦਘਾਟਨ ਕੀਤਾ। ਪ੍ਰੋਗਰਾਮ ਵਿੱਚ ਲਾਭਾਰਥੀਆਂ ਨੂੰ ਇੱਕੋ ਥਾਂ 'ਤੇ ਮੁਲਾਂਕਣ ਤੇ ਫਿੱਟਮੈਂਟ ਸੇਵਾਵਾਂ ਦੇ ਜ਼ਰੀਏ ਮੁਫ਼ਤ ਮਸਨੂਈ ਅੰਗ ਅਤੇ ਸਹਾਇਕ ਯੰਤਰ ਭੇਟ ਕੀਤੇ ਜਾ ਰਹੇ ਨੇ, ਇਹ ਕੈਂਪ ਭਲਕੇ 13 ਮਈ ਤੱਕ ਜਾਰੀ ਰਹੇਗਾ। ਇਸ ਮੌਕੇ ਰਾਜਪਾਲ ਕਟਾਰੀਆ ਨੇ 1975 ਵਿੱਚ ਬਣਾਈ ਸੰਸਥਾ ਦੇ ਯਤਨਾਂ ਦੀ ਤਾਰੀਫ਼ ਕਰਦੇ ਹੋਏ ਕਿਹਾ ਕਿ ਇਹ ਸੰਸਥਾ 25 ਲੱਖ ਤੋਂ ਵੱਧ ਦਿਵਿਆਂਗਜਨਾਂ ਦੀ ਮਦਦ ਸਦਕਾ ਸੰਯੁਕਤ ਰਾਸ਼ਟਰ ਦੀ ਸਮਾਜਿਕ ਤੇ ਆਰਥਿਕ ਕੌਂਸਲ ਤੋਂ ਖਾਸ ਸਟੇਟਸ' ਪ੍ਰਾਪਤ ਕਰ ਚੁੱਕੀ ਏ।

-----------------------------------------------------------------

ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ (ਐੱਮ.ਆਰ.ਐੱਸ.ਏ.ਐੱਫ.ਪੀ.ਆਈ.) ਮੋਹਾਲੀ ਦੇ 30 ਵਿੱਚੋਂ 25 ਕੈਡਿਟਾਂ ਨੇ ਨੈਸ਼ਨਲ ਡਿਫੈਂਸ ਅਕੈਡਮੀ ਵਿੱਚ 157ਵੇਂ ਕੋਰਸ ਲਈ (ਐੱਨ.ਡੀ.ਏ.) (1) ਲਿਖਤੀ ਪ੍ਰੀਖਿਆ ਪਾਸ ਕਰ ਲਈ ਏ। ਪੰਜਾਬ ਦੇ ਰੁਜ਼ਗਾਰ

ਉਤਪਤੀ, ਹੁਨਰ ਵਿਕਾਸ ਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਕੈਡਿਟਾਂ ਨੂੰ ਵਧਾਈ ਦਿੰਦਿਆਂ ਹੋਇਆਂ ਉਨ੍ਹਾਂ ਨੂੰ ਐੱਸ.ਐੱਸ.ਬੀ. ਇੰਟਰਵਿਊ ਤੇ ਅਗਲੇਰੀ ਸਿਖਲਾਈ ਲਈ ਸ਼ੁੱਭਕਾਮਨਾਵਾਂ ਦਿੱਤੀਆਂ ਨੇ।

-------------------------------------------------------------

ਆਈ.ਪੀ.ਐੱਲ. ਕ੍ਰਿਕੇਟ ਵਿਚ ਅੱਜ ਅਹਿਮਦਾਬਾਦ ਦੇ ਨਰੇਂਦਰ ਮੋਦੀ ਸਟੇਡੀਅਮ ਵਿਚ ਗੁਜਰਾਤ ਟਾਈਟਨਜ਼ ਦਾ ਮੁਕਾਬਲਾ ਸਨਰਾਈਜਰਜ਼ ਹੈਦਰਬਾਦਾ ਨਾਲ ਹੋਵੇਗਾ। ਇਹ ਮੈਚ ਸ਼ਾਮੀਂ ਸਾਢੇ 7 ਵਜੇ ਸ਼ੁਰੂ ਹੋਵੇਗਾ |

-------------------------------------------------------------